# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :11-06-2026**

ਭਾਰਤ ਸਰਕਾਰ ਨੇ ਪੰਜਾਬ ਦੀ ਸਾਉਣੀ ਰੁੱਤ-2026 ਲਈ ਯੂਰੀਆ ਦੀ ਮਜ਼ਬੂਤ ਉਪਲਬਧਤਾ ਨੂੰ ਯਕੀਨੀ ਬਣਾਇਆ ਏ । ਅਧਿਕਾਰਤ ਹਲਕਿਆਂ ਮੁਤਾਬਿਕ ਪੰਜਾਬ ਵਿੱਚ ਯੂਰੀਆ ਦੀ ਕੋਈ ਕਮੀ ਨਹੀਂ ਏ ਅਤੇ ਰਾਜ ਲਈ ਖਾਦ ਦੇ ਲੋੜੀਂਦੇ ਭੰਡਾਰ ਤੇ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਏ। ਅਧਿਕਾਰਤ ਅੰਕੜੇ ਇਸ ਗੱਲ ਦੀ ਪੁਸ਼ਟੀ ਕਰਦੇ ਨੇ ਕਿ ਖਾਦ ਵਿਭਾਗ ਨੇ ਪੰਜਾਬ ਲਈ ਇੱਕ ਵਾਧੂ ਅਤੇ ਚੰਗੀ ਸਥਿਤੀ ਵਾਲੀ ਸਪਲਾਈ ਲੜੀ ਨੂੰ ਸਫਲਤਾ ਨਾਲ ਬਣਾਈ ਰੱਖਿਆ ਏ। ਪੰਜਾਬ ਲਈ ਸਾਉਣੀ ਰੁੱਤ-2026 ਦੀ ਕੁੱਲ ਲੋੜ 14 ਲੱਖ 50 ਹਜ਼ਾਰ ਮੀਟ੍ਰਿਕ ਟਨ ਅਤੇ 9 ਜੂਨ, 2026 ਤੱਕ 9 ਲਖ ਮੀਟ੍ਰਿਕ ਟਨ ਦੀ ਗਣਨਾ ਕੀਤੀ ਗਈ ਅਨੁਪਾਤ ਲੋੜ ਦੇ ਮੁਕਾਬਲੇ ਖਾਦ ਵਿਭਾਗ ਨੇ 10 ਲਖ 71 ਹਜ਼ਾਰ ਮੀਟ੍ਰਿਕ ਟਨ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਏ। ਇਸ ਤੋਂ ਇਲਾਵਾ, 39 ਹਜ਼ਾਰ 167 ਮੀਟਰਕ ਟਨ ਯੂਰੀਆ ਦੀ ਵਾਧੂ ਮਾਤਰਾ ਇਸ ਵੇਲੇ ਪੰਜਾਬ ਵਿੱਚ ਭੇਜੀ ਜਾ ਰਹੀ ਏ । ਰਾਜ ਸਰਕਾਰ ਦੇ ਰਿਕਾਰਡਾਂ ਤੋਂ ਜ਼ਮੀਨੀ ਪੱਧਰ 'ਤੇ ਤਸਦੀਕ ਦਰਸਾਉਂਦੀ ਏ ਕਿ ਰਾਜ

ਵਿੱਚ ਝੋਨੇ ਦੀ ਲੁਆਈ ਅਜੇ ਪੂਰੀ ਤਰ੍ਹਾਂ ਸ਼ੁਰੂ ਨਹੀਂ ਹੋਈ ਏ , ਜਿਸ ਨਾਲ ਮੌਜੂਦਾ ਭੰਡਾਰ ਉਭਰ ਰਹੀਆਂ ਖੇਤ ਦੀਆਂ ਜ਼ਰੂਰਤਾਂ ਨੂੰ ਆਰਾਮ ਨਾਲ ਪੂਰਾ ਕਰਨ ਲਈ ਕਾਫ਼ੀ ਏ। ਕੇਂਦਰ ਸਰਕਾਰ ਰਾਜ ਪੱਧਰ 'ਤੇ ਢੁੱਕਵੀਂ ਥੋਕ ਸਪਲਾਈ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ , ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਏ ਕਿ ਸੁਚਾਰੂ, ਬਰਾਬਰ ਪ੍ਰਚੂਨ ਵੰਡ ਦੀ ਜ਼ਿੰਮੇਵਾਰੀ ਰਾਜ ਸਰਕਾਰਾਂ ਦੀ ਏ । ਰਾਜਾਂ ਨੂੰ ਆਪਣੇ ਅੰਤਰ-ਜ਼ਿਲ੍ਹਾ ਅਤੇ ਅੰਤਰ-ਜ਼ਿਲ੍ਹਾ ਸਪਲਾਈ ਵਿਧੀਆਂ ਨੂੰ ਸੁਖਾਵਾਂ ਬਣਾਉਣਾ ਚਾਹੀਦਾ ਏ ।

---------------------------------------------------------------------------

ਪੰਜਾਬ ਦੇ ਮੁੱਖ ਚੋਣ ਦਫਤਰ ਨੇ ਅੱਜ, 11 ਜੂਨ ਤੋਂ 24 ਜੂਨ ਤੱਕ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (SIR) ਦੇ ਸਬੰਧ ਵਿੱਚ ਬੂਥ ਪੱਧਰ ਦੇ ਅਫਸਰਾਂ (BLOs) ਤੇ ਬੂਥ ਪੱਧਰ ਦੇ ਏਜੰਟਾਂ (BLAs) ਲਈ ਸਿਖਲਾਈ ਪ੍ਰੋਗਰਾਮ ਸ਼ੁਰੂ ਕਰ ਦਿੱਤੇ ਨੇ। SIR-2026 ਤਹਿਤ ਘਰ-ਘਰ ਗਣਨਾ ਅਭਿਆਸ 25 ਜੂਨ ਤੋਂ ਸੂਬੇ ਭਰ ਵਿੱਚ ਸ਼ੁਰੂ ਹੋਣ ਵਾਲਾ ਏ। ਬੀਤੇ ਕੱਲ੍ਹ ਚੰਡੀਗੜ੍ਹ ਵਿਖੇ ਹੋਏ ਤਿੰਨ-ਰੋਜ਼ਾ ਰਾਜ-ਪੱਧਰੀ ਸਿਖਲਾਈ ਪ੍ਰੋਗਰਾਮ ਦੇ ਸਮਾਪਤੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਮੁੱਖ ਚੋਣ ਅਧਿਕਾਰੀ ਅਨੰਦਿਤਾ ਮਿਤਰਾ ਨੇ ਕਿਹਾ ਕਿ ਦੇਸ਼

ਵਿੱਚ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਵਾਸਤੇ ਵੋਟਰ ਸੂਚੀਆਂ ਦੇ ਸਹੀ ਹੋਣ ਲਈ ਇਹ ਸੋਧ ਬਹੁਤ ਜ਼ਰੂਰੀ ਏ। ਇਸ ਸਿਖਲਾਈ ਪ੍ਰੋਗਰਾਮ ਵਿੱਚ, ਪੰਜਾਬ ਦੇ 23 ਜ਼ਿਲ੍ਹਿਆਂ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਦੀ ਨੁਮਾਇੰਦਗੀ  ਕਰਨ ਵਾਲੇ ਲਗਭਗ 650 ਅਧਿਕਾਰੀਆਂ ਅਤੇ ਮੁਲਾਜ਼ਮਾਂ ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਇਸ ਸਿਖਲਾਈ ਦੇ ਪੂਰਾ ਹੋਣ ਨਾਲ ਚੋਣ ਵਿਭਾਗ ਸੂਬੇ ਵਿੱਚ SIR ਕਰਨ ਲਈ ਪੂਰੀ ਤਰ੍ਹਾਂ ਤਿਆਰ ਏ। ਸ਼੍ਰੀਮਤੀ ਮਿੱਤਰਾ ਨੇ ਕਿਹਾ ਕਿ ਇਹ ਸਾਰੇ ਹਿੱਸੇਦਾਰਾਂ ਦੀ ਸਮੂਹਿਕ ਜ਼ਿੰਮੇਵਾਰੀ ਏ ਕਿ ਉਹ SIR-2026 ਦੌਰਾਨ ਭਾਰਤੀ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਲਾਗੂ ਕਰਨ।

------------------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਅੱਜ ਸੁਖਨਾ ਚੋਅ ਵਣ ਖੇਤਰ ਵਿੱਚ ਤਜਵੀਜ਼ਸ਼ੁਦਾ ਸਿਟੀ ਫਾਰੈਸਟ ਡਿਵੈਲਪਮੈਂਟ ਪ੍ਰੋਜੈਕਟ ਦੀ ਸਮੀਖਿਆ ਕੀਤੀ ਅਤੇ ਸਬੰਧਿਤ ਵਿਭਾਗਾਂ ਨੂੰ ਚੁਗਿਰਦਾ ਸੁਰੱਖਿਆ ਉਪਾਵਾਂ ਅਤੇ ਸੰਭਾਲ਼ ਸਿਧਾਂਤਾਂ ਦਾ ਪੂਰੀ ਤਰ੍ਹਾਂ ਪਾਲਣ ਕਰਦੇ ਹੋਏ ਇਸ ਪ੍ਰੋਜੈਕਟ ਨੂੰ ਸਮਾਂਬੱਧ ਤਰੀਕੇ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ।

ਤਜਵੀਜ਼ਸ਼ੁਦ ਸਿਟੀ ਫਾਰੈਸਟ ਦੀ ਯੋਜਨਾ ਚੌਗਿਰਦਾ ਸੰਭਾਲ਼, ਪ੍ਰਕ੍ਰਿਤੀ-ਅਧਾਰਿਤ ਸਿੱਖਿਆ ਅਤੇ ਨਿਰੰਤਰ ਰਹਿਣ ਯੋਗ ਈਕੋਟੂਰਿਜ਼ਮ ਨੂੰ ਹੁਲਾਰਾ ਦੇਣ ਲਈ ਇੱਕ ਮਹੱਤਵਪੂਰਨ ਪਹਿਲ ਦੇ ਰੂਪ ਵਿੱਚ ਕੀਤੀ ਗਈ ਏ। ਇਸ ਪ੍ਰੋਜੈਕਟ ਦਾ ਉਦੇਸ਼ ਨਾਗਰਿਕਾਂ ਵਿੱਚ ਵਣਾਂ, ਵਣਜੀਵਾਂ ਅਤੇ ਚੌਗਿਰਦੇ ਦੀ ਸੰਭਾਲ਼ ਬਾਰੇ ਜਾਗਰੂਕ ਕਰਨਾ ਏ । ਪ੍ਰੋਜੈਕਟ ਤਹਿਤ ਤਜਵੀਜ਼ਸ਼ੁਦਾ ਵਿਕਾਸ ਕਾਰਜਾਂ ਵਿੱਚ ਚੁਗਿਰਦੇ ਪ੍ਰਤੀ ਸੁਖਾਵੀਂ ਅਤੇ ਨਿਰੰਤਰ ਰਹਿਣ ਯੋਗ ਸਮੱਗਰੀ ਦੀ ਵਰਤੋਂ ਕੀਤੀ ਜਾਵੇਗੀ ਤਾਂ ਕਿ ਚੁਗਿਰਦੇ ਤੰਤਰ 'ਤੇ ਘੱਟੋ-ਘੱਟ ਪ੍ਰਭਾਵ ਪਵੇ ਅਤੇ ਵਣ ਖੇਤਰ ਦੇ ਕੁਦਰਤੀ ਸਰੂਪ ਨੂੰ ਸੁਰੱਖਿਅਤ ਰੱਖਿਆ ਜਾ ਸਕੇ। ਰਾਜਪਾਲ ਨੇ ਪ੍ਰੋਜੈਕਟ ਦੀ ਯੋਜਨਾ ਤਿਆਰ ਕਰਨ ਵਿੱਚ ਵਣ ਵਿਭਾਗ, ਸ਼ਹਿਰੀ ਯੋਜਨਾ ਵਿਭਾਗ ਅਤੇ ਇੰਜੀਨੀਅਰਿੰਗ ਵਿਭਾਗ ਦੇ ਸੰਯੁਕਤ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇਸ ਨੂੰ ਸਫ਼ਲਤਾ ਨਾਲ ਲਾਗੂ ਕਰਨ ਲਈ ਸਾਰੇ ਹਿੱਤਧਾਰਕਾਂ ਦਰਮਿਆਨ ਤਾਲਮੇਲ ਬਣਾਈ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

--------------------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਨੇ ਇਸ ਸਾਲ ਅਪ੍ਰੈਲ ਮਹੀਨੇ ਦੌਰਾਨ ਸੂਬੇ ਭਰ ਵਿੱਚ ਸਮੇਂ ਸਿਰ ਦਖਲਅੰਦਾਜ਼ੀ ਕਰਕੇ 15 ਬਾਲ ਵਿਆਹ ਰੋਕੇ ਨੇ। ਇਹ ਜਾਣਕਾਰੀ ਸਾਂਝੀ

ਕਰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਬਾਲ ਵਿਆਹ ਨਾ ਸਿਰਫ਼ ਇੱਕ ਕਾਨੂੰਨੀ ਅਪਰਾਧ ਏ, ਸਗੋਂ ਬੱਚਿਆਂ ਦੇ ਅਧਿਕਾਰਾਂ ਦੀ ਗੰਭੀਰ ਉਲੰਘਣਾ ਏ ਅਤੇ ਉਨ੍ਹਾਂ ਦੇ ਭਵਿੱਖ ਲਈ ਖ਼ਤਰਾ ਵੀ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਰੋਕਿਆ ਗਿਆ ਹਰ ਬਾਲ ਵਿਆਹ ਸੁਰੱਖਿਅਤ ਬਚਪਨ, ਸੁਰੱਖਿਅਤ ਸਿੱਖਿਆ ਅਤੇ ਸੁਰੱਖਿਅਤ ਭਵਿੱਖ ਨੂੰ ਦਰਸਾਉਂਦਾ ਏ। ਮੰਤਰੀ ਨੇ ਕਿਹਾ ਕਿ ਬਾਲ ਵਿਆਹਾਂ ਨੂੰ ਰੋਕਣ ਅਤੇ ਜਨਤਕ ਜਾਗਰੂਕਤਾ ਫੈਲਾਉਣ ਦੇ ਯਤਨਾਂ ਦੇ ਹਿੱਸੇ ਵਜੋਂ, ਅਪ੍ਰੈਲ ਦੌਰਾਨ ਪੰਜਾਬ ਭਰ ਵਿੱਚ 3 ਹਜ਼ਾਰ ਤੋਂ ਵੱਧ ਜਾਗਰੂਕਤਾ ਗਤੀਵਿਧੀਆਂ ਕੀਤੀਆਂ  ਗਈਆਂ। ਇਹ ਪ੍ਰੋਗਰਾਮ ਮਾਪਿਆਂ, ਕਿਸ਼ੋਰਾਂ ਅਤੇ ਆਮ ਲੋਕਾਂ ਨੂੰ ਬਾਲ ਵਿਆਹ ਦੇ ਨੁਕਸਾਨਦੇਹ ਨਤੀਜਿਆਂ ਅਤੇ ਬੱਚਿਆਂ ਦੇ ਅਧਿਕਾਰਾਂ ਦੀ ਰੱਖਿਆ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਸਕੂਲਾਂ, ਪਿੰਡਾਂ, ਆਂਗਣਵਾੜੀ ਕੇਂਦਰਾਂ ਅਤੇ ਭਾਈਚਾਰਿਆਂ ਵਿੱਚ ਆਯੋਜਿਤ ਕੀਤੇ ਗਏ ਸਨ।

---------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕਰਦਿਆਂ ਛੇ ਮੁਲਜ਼ਮਾਂ ਨੂੰ 30 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ

ਏ। ਮੁੱਢਲੀ ਜਾਂਚ ਦੌਰਾਨ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੁਬਈ ਦੇ ਇੱਕ ਤਸਕਰ ਦੇ ਸੰਪਰਕ ਵਿਚ ਸਨ ਤੇ ਉਸ ਦੇ ਨਿਰਦੇਸ਼ਾਂ ਤੇ ਨਿਰਧਾਰਤ ਥਾਵਾਂ ਤੋਂ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਪ੍ਰਾਪਤ ਕਰ ਕੇ ਪੰਜਾਬ ਭਰ ਵਿੱਚ ਵੱਖ-ਵੱਖ ਥਾਵਾਂ ਤੇ ਸਪਲਾਈ ਕਰਦੇ ਸਨ। ਇਸ ਸਬੰਧੀ ਛੇਹਰਟਾ ਪੁਲਿਸ ਸਟੇਸ਼ਨ ਵਿਖੇ NDPS ਐਕਟ ਤਹਿਤ ਕੇਸ ਦਰਜ ਕੀਤਾ ਗਿਆ ਏ ਤੇ ਹੋਰ ਜਾਂਚ ਜਾਰੀ ਏ।

------------------------------------------------------------------------------

ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਬੀਤੇ ਕਈ ਦਿਨਾਂ ਤੋਂ ਅੱਤ ਦੀ ਗਰਮੀ ਪੈ ਰਹੀ ਏ। ਪਰ ਛੇਤੀ ਹੀ ਇਸ ਗਰਮੀ ਤੋਂ ਰਾਹਤ ਮਿਲਣ ਦੀ ਉਮੀਦ ਜ਼ਾਹਰ ਕਰਦਿਆਂ ਮੌਸਮ ਵਿਭਾਗ ਨੇ ਦੋਵਾਂ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਦੋ ਦਿਨਾਂ ਲਈ ਗਰਜ ਚਮਕ ਦੇ ਨਾਲ ਗੜੇਮਾਰੀ ਹੋਣ ਦੀ ਭਵਿੱਖਬਾਣੀ ਕੀਤੀ ਏ। ਵਿਭਾਗ ਨੇ ਅੱਜ ਅਤੇ ਕੱਲ੍ਹ 12 ਜੂਨ ਨੂੰ ਇਨ੍ਹਾਂ ਤਿੰਨਾਂ ਥਾਵਾਂ ਲਈ ਓਰੇਂਜ ਅਲਰਟ ਜਾਰੀ ਕੀਤੀ ਏ ਅਤੇ 15 ਜੂਨ ਤੱਕ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਇਸ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਗਰਜ ਚਮਕ ਨਾਲ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਇਸ ਦੌਰਾਨ ਪੰਜਾਬ ਵਿਚ ਬਠਿੰਡਾ 46.2 ਡਿਗਰੀ ਸੈਲਸੀਅਸ ਤਾਪਮਾਨ ਨਾਲ

ਪੰਜਾਬ ਅਤੇ ਉੱਤਰੀ ਖੇਤਰ ਵਿੱਚ ਸਭ ਤੋਂ ਗਰਮ ਜ਼ਿਲਾ ਰਿਹਾ। ਇਸ ਤੋਂ ਬਾਅਦ ਹਰਿਆਣਾ ਦੇ ਰੋਹਤਕ ਵਿੱਚ 44.5 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ ਵਿੱਚ ਵੀ ਪਿਛਲੇ 24 ਘੰਟਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ 42 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ।

---------------------------------------------------------------------------